ਸਾਰਗ ਮਹਲਾ ੫ ॥ ਤੁਅ ਚਰਨ ਆਸਰੋ ਈਸ ॥ ਤੁਮਹਿ ਪਛਾਨੂ ਸਾਕੁ ਤੁਮਹਿ ਸੰਗਿ ਰਾਖਨਹਾਰ ਤੁਮੈ ਜਗਦੀਸ ॥ ਰਹਾਉ ॥ ਤੂ ਹਮਰੋ ਹਮ ਤੁਮਰੇ ਕਹੀਐ ਇਤ ਉਤ ਤੁਮ ਹੀ ਰਾਖੇ ॥ ਤੂ ਬੇਅੰਤੁ ਅਪਰੰਪਰੁ ਸੁਆਮੀ ਗੁਰ ਕਿਰਪਾ ਕੋਈ ਲਾਖੈ ॥੧॥ ਬਿਨੁ ਬਕਨੇ ਬਿਨੁ ਕਹਨ ਕਹਾਵਨ ਅੰਤਰਜਾਮੀ ਜਾਨੈ ॥ ਜਾ ਕਉ ਮੇਲਿ ਲਏ ਪ੍ਰਭੁ ਨਾਨਕੁ ਸੇ ਜਨ ਦਰਗਹ ਮਾਨੇ ॥੨॥੧੦੫॥੧੨੮॥ {ਪੰਨਾ 1228}

ਪਦਅਰਥ:- ਤੁਅ ਚਰਨ ਆਸਰੋ—ਤੇਰੇ ਚਰਨਾਂ ਦਾ ਆਸਰਾ। ਈਸ—ਈਸ਼, ਹੇ ਈਸ਼੍ਵਰ! ਤੁਮਹਿ—ਤੂੰ ਹੀ। ਪਛਾਨੂ—ਜਾਣੂ-ਪਛਾਣੂ। ਸਾਕੁ—ਰਿਸ਼ਤਾ, ਸੰਬੰਧ। ਸੰਗਿ—ਨਾਲ। ਜਗਦੀਸ—ਹੇ ਜਗਤ ਦੇ ਈਸ਼ਵਰ! ਤੁਮੈ—ਤੂੰ ਹੀ।1। ਰਹਾਉ।

ਕਹੀਐ—(ਇਹ) ਆਖਿਆ ਜਾਂਦਾ ਹੈ, ਹਰ ਕੋਈ ਇਹੀ ਆਖਦਾ ਹੈ। ਇਤ ਉਤ—ਲੋਕ ਪਰਲੋਕ ਵਿਚ। ਅਪਰੰਪਰੁ—ਪਰੇ ਤੋਂ ਪਰੇ। ਸੁਆਮੀ—ਹੇ ਮਾਲਕ-ਪ੍ਰਭੂ! ਕੋਈ—ਕੋਈ ਵਿਰਲਾ। ਲਾਖੈ—ਲਖਦਾ ਹੈ, ਸਮਝਦਾ ਹੈ।1।

ਬਿਨੁ ਬਕਨੇ—ਬੋਲਣ ਤੋਂ ਬਿਨਾ। ਅੰਤਰਜਾਮੀ—ਹਰੇਕ ਦੇ ਦਿਲ ਦੀ ਜਾਣਨ ਵਾਲਾ। ਜਾਨੈ—ਜਾਣਦਾ ਹੈ। ਜਾ ਕਉ—ਜਿਨ੍ਹਾਂ (ਮਨੁੱਖਾਂ) ਨੂੰ। ਨਾਨਕੁ—ਨਾਨਕ (ਆਖਦਾ ਹੈ)। ਸੇ—ਉਹ {ਬਹੁ-ਵਚਨ}। ਮਾਨੇ—ਆਦਰ ਪਾਂਦੇ ਹਨ।2।

ਅਰਥ:- ਹੇ ਈਸ਼੍ਵਰ! (ਅਸਾਂ ਜੀਵਾਂ ਨੂੰ) ਤੇਰੇ ਚਰਨਾਂ ਦਾ (ਹੀ) ਆਸਰਾ ਹੈ। ਤੂੰ ਹੀ (ਸਾਡਾ) ਜਾਣੂ-ਪਛਾਣੂ ਹੈਂ, ਤੇਰੇ ਨਾਲ ਹੀ ਸਾਡਾ ਮੇਲ-ਮਿਲਾਪ ਹੈ। ਹੇ ਜਗਤ ਦੇ ਈਸ਼੍ਵਰ! ਤੂੰ ਹੀ (ਸਾਡੀ) ਰੱਖਿਆ ਕਰ ਸਕਣ ਵਾਲਾ ਹੈਂ।1। ਰਹਾਉ।

ਹੇ ਪ੍ਰਭੂ! ਹਰੇਕ ਜੀਵ ਇਹੀ ਆਖਦਾ ਹੈ ਕਿ ਤੂੰ ਸਾਡਾ ਹੈਂ ਅਸੀਂ ਤੇਰੇ ਹਾਂ, ਤੂੰ ਹੀ ਇਸ ਲੋਕ ਤੇ ਪਰਲੋਕ ਵਿਚ ਸਾਡਾ ਰਾਖਾ ਹੈਂ। ਹੇ ਮਾਲਕ-ਪ੍ਰਭੂ! ਤੂੰ ਹੀ ਬੇਅੰਤ ਹੈਂ, ਪਰੇ ਤੋਂ ਪਰੇ ਹੈਂ। ਕਿਸੇ ਵਿਰਲੇ ਮਨੁੱਖ ਨੇ ਗੁਰੂ ਦੀ ਮਿਹਰ ਨਾਲ ਇਹ ਗੱਲ ਸਮਝੀ ਹੈ।1।

ਨਾਨਕ (ਆਖਦਾ ਹੈ—ਹੇ ਭਾਈ!) ਪ੍ਰਭੂ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ, ਸਾਡੇ ਬੋਲਣ ਤੋਂ ਬਿਨਾ, ਸਾਡੇ ਆਖਣ-ਅਖਾਣ ਤੋਂ ਬਿਨਾ (ਸਾਡੀ ਲੋੜ) ਜਾਣ ਲੈਂਦਾ ਹੈ। ਉਹ ਪ੍ਰਭੂ! ਜਿਨ੍ਹਾਂ ਨੂੰ (ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈ, ਉਹ ਮਨੁੱਖ ਉਸ ਦੀ ਹਜ਼ੂਰੀ ਵਿਚ ਆਦਰ-ਸਤਕਾਰ ਪ੍ਰਾਪਤ ਕਰਦੇ ਹਨ।2। 105। 128।